SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 205 | Friday, November 10, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਐਪੈਕ ਆਗੂਆਂ ਦੀ ਮੀਟਿੰਗ ਵਿੱਚ ਹਿੱਸਾ ਲੈਣ ਲਈ ਅਗਲੇ ਹਫਤੇ ਸੈਨ ਫਰਾਂਸਿਸਕੋ ਜਾ ਸਕਦੇ ਹਨ ਟਰੂਡੋ



ਵਾਸ਼ਿੰਗਟਨ, 9 ਨਵੰਬਰ (ਪੋਸਟ ਬਿਊਰੋ) : ਅਗਲੇ ਹਫਤੇ ਸਾਲਾਨਾ ਏਸ਼ੀਆ ਪੈਸੇਫਿਕ ਇਕਨੌਮਿਕ ਕੋਆਪਰੇਸ਼ਨ ਸਿਖਰ ਵਾਰਤਾ ਵਿੱਚ ਹਿੱਸਾ ਲੈਣ ਲਈ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਸੈਨ ਫਰਾਂਸਿਸਕੋ ਜਾਣ ਦੀ ਸੰਭਾਵਨਾ ਹੈ।

ਪ੍ਰਧਾਨ ਮੰਤਰੀ ਆਫਿਸ ਵੱਲੋਂ ਜਾਰੀ ਕੀਤੇ ਗਏ ਬਿਆਨ ਵਿੱਚ ਦੱਸਿਆ ਗਿਆ ਕਿ ਟਰੂਡੋ ਕੈਨੇਡਾ ਦੇ ਭਾਈਵਾਲਾਂ ਨਾਲ ਕਲਾਈਮੇਟ ਫਰੈਂਡਲੀ ਆਰਥਿਕ ਵਿਕਾਸ ਨੂੰ ਉਭਾਰਨ ਦੇ ਰਾਹ ਉੱਤੇ ਆਪਣਾ ਧਿਆਨ ਕੇਂਦਰਿਤ ਕਰਨਗੇ। ਇਸ ਦੇ ਨਾਲ ਹੀ ਕੈਨੇਡੀਅਨ ਵਫਦ ਵਪਾਰ, ਡਿਜੀਟਲ ਸਪੇਸ ਵਿੱਚ ਮੌਕਿਆਂ ਦੀ ਤਲਾਸ਼ ਕਰਨ ਤੇ ਮਹਿਲਾਵਾਂ ਲਈ ਆਰਥਿਕ ਸਸ਼ਕਤੀਕਰਨ ਦੇ ਨਿਰਮਾਣ ਦੇ ਰਾਹ ਲੱਭੇਗਾ।

ਟਰੂਡੋ ਵੱਲੋਂ ਪੈਸੇਫਿਕ ਓਸ਼ਨ ਦੇ ਦੋਵਾਂ ਪਾਸਿਆਂ ਉੱਤੇ ਲੋਕਾਂ ਨੂੰ ਫਾਇਦਾ ਪਹੁੰਚਾਉਣ ਲਈ ਖੁੱਲ੍ਹੇ ਆਰਥਿਕ ਸਹਿਯੋਗ ਤੇ ਵਪਾਰਕ ਅੜਿੱਕਿਆਂ ਨੂੰ ਹਟਾਉਣ ਦੀ ਪੈਰਵੀ ਕੀਤੀ ਜਾ ਰਹੀ ਹੈ। ਟਰੂਡੋ ਨੇ ਆਖਿਆ ਕਿ ਰਲ ਕੇ ਕੰਮ ਕਰਨ ਨਾਲ ਅਸੀਂ ਆਪਣੇ ਵਰਕਰਜ਼ ਤੇ ਕਾਰੋਬਾਰੀਆਂ ਲਈ ਨਵੇਂ ਮੌਕੇ ਮੁਹੱਈਆ ਕਰਾਵਾਂਗੇ। ਮੇਜ਼ਬਾਨ ਦੇਸ਼ ਦਾ ਆਗੂ ਹੋਣ ਨਾਤੇ ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਹਫਤੇ ਦੇ ਮੁੱਖ ਈਵੈਂਟ ਦੀ ਅਗਵਾਈ ਕਰਨਗੇ।

## ਸਪਲਾਈ ਦੇ ਮੁੱਦੇ ਉੱਤੇ ਟੋਰਾਂਟੋ ਦੀਆਂ ਦੋ ਫਾਰਮੇਸੀਜ਼ ਨੇ ਵੈਕਸੀਨੇਸ਼ਨ ਪ੍ਰੋਗਰਾਮ ਕੀਤਾ ਬੰਦ




ਓਨਟਾਰੀਓ, 9 ਨਵੰਬਰ (ਪੋਸਟ ਬਿਊਰੋ) : ਓਨਟਾਰੀਓ ਦਾ ਫਲੂ ਤੇ ਕੋਵਿਡ-19 ਵੈਕਸੀਨੇਸ਼ਨ ਪ੍ਰੋਗਰਾਮ ਸ਼ੁਰੂ ਹੋਣ ਤੋਂ ਦੋ ਹਫਤੇ ਬਾਅਦ ਹੀ ਟੋਰਾਂਟੋ ਦੇ ਫਾਰਮਾਸਿਸਟ ਨੇ ਇਹ ਆਖਦਿਆਂ ਹੋਇਆਂ ਟੀਕੇ ਲਾਉਣੇ ਬੰਦ ਕਰ ਦਿੱਤੇ ਕਿ ਸਪਲਾਈ ਨਾ ਹੋਣ ਕਾਰਨ ਲੋਕਾਂ ਨੂੰ ਪਰੇਸ਼ਾਨ ਕਰਨਾ ਠੀਕ ਨਹੀਂ ਹੈ।

ਫਾਰਮਾਸੇਵ ਅੰਬਰੇਲਾ ਹੇਠ ਟੋਰਾਂਟੋ ਦੇ ਪੂਰਬੀ ਸਿਰੇ ਉੱਤੇ ਸਥਿਤ ਦੋ ਫਾਰਮੇਸੀਜ਼ ਰਾਇਲੈਂਡਰ ਤੇ ਲਾਅਲੋਰ ਵਿੱਚ ਕੰਮ ਕਰਨ ਵਾਲੇ ਕਾਇਰੋ ਮਸੇਹ ਨੇ ਆਖਿਆ ਕਿ ਫਲੂ ਤੇ ਕੋਵਿਡ-19 ਸ਼ੌਟਸ ਦੀ ਵੰਡ ਸਹੀ ਢੰਗ ਨਾਲ ਨਹੀਂ ਹੋ ਰਹੀ। ਉਸ ਨੇ ਦੱਸਿਆ ਕਿ ਕਈ ਵਾਰੀ ਉਨ੍ਹਾਂ ਨੂੰ ਵੈਕਸੀਨ ਦੇ ਖਾਲੀ ਡੱਬੇ ਮਿਲਦੇ ਹਨ ਜਾਂ ਫਿਰ 200 ਦਾ ਆਰਡਰ ਦੇਣ ਉੱਤੇ ਸਿਰਫ 20 ਡੋਜ਼ਾਂ ਹੀ ਹਾਸਲ ਹੁੰਦੀਆਂ ਹਨ। ਉਸ ਨੇ ਆਖਿਆ ਕਿ ਜੇ ਤੁਹਾਡੇ ਕੋਲ ਅਜਿਹੇ ਮਰੀਜ਼ ਹਨ ਜਿਨ੍ਹਾਂ ਦੀ ਕੀਮੋਥੈਰੇਪੀ ਸ਼ੁਰੂ ਹੋਣ ਵਾਲੀ ਹੈ ਜਾਂ ਕਈ ਹੋਰ ਮਰੀਜ਼ ਜਿਨ੍ਹਾਂ ਦਾ ਟਰਾਂਸਪਲਾਂਟ ਹੋਣਾ ਹੈ, ਉਨ੍ਹਾਂ ਨੂੰ ਸਾਡੇ ਵੱਲੋਂ ਤਰਜੀਹ ਦਿੱਤੀ ਜਾਂਦੀ ਹੈ ਪਰ ਇਸ ਸਾਲ ਤਾਂ ਸਾਨੂੰ ਇਸ ਪ੍ਰੋਗਰਾਮ ਕਰਕੇ ਕਾਫੀ ਨਮੋਸ਼ੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਰਾਇਲੈਂਡਰ ਵਿੱਚ ਸਾਡੇ ਕੋਲ ਕੋਈ ਡੋਜ਼ ਹੀ ਨਹੀਂ ਹੈ, ਜਿਸ ਲਈ ਸਾਨੂੰ ਰੋਜ਼ਾਨਾਂ 50-60 ਲੋਕਾਂ ਨੂੰ ਮੋੜਨਾ ਪੈਂਦਾ ਹੈ।

ਉਨ੍ਹਾਂ ਆਖਿਆ ਕਿ ਇਹ ਮੁੱਦਾ ਉਸ ਸਮੇਂ ਸ਼ੁਰੂ ਹੋਇਆ ਜਦੋਂ ਸਿਹਤ ਮੰਤਰਾਲੇ ਵੱਲੋਂ ਜਨਤਕ ਤੌਰ ਉੱਤੇ ਫੰਡ ਪ੍ਰਾਪਤ ਵੈਕਸੀਨਜ਼ ਨੂੰ ਵੰਡਣ ਦੀ ਜ਼ਿੰਮੇਵਾਰੀ ਸ਼ੌਪਰਜ਼ ਡਰੱਗ ਮਾਰਟ ਨੂੰ ਦਿੱਤੀ ਗਈ। ਜੇ ਇਸ ਪ੍ਰਕਿਰਿਆ ਵਿੱਚ ਕੁੱਝ ਗੜਬੜ ਹੋ ਰਹੀ ਹੈ ਤਾਂ ਇਸ ਤੋਂ ਸਪਸ਼ਟ ਹੈ ਕਿ ਓਨਟਾਰੀਓ ਦੇ ਕਈ ਲੋਕ ਇਸ ਕਾਰਨ ਪ੍ਰਭਾਵਿਤ ਹੋ ਰਹੇ ਹੋਣਗੇ।

ਓਨਟਾਰੀਓ ਫਾਰਮਾਸਿਸਟਸ ਐਸੋਸਿਏਸ਼ਨ (ਓਪੀਏ) ਦੇ ਸੀਈਓ ਜਸਟਿਨ ਬੇਟਸ ਨੇ ਆਖਿਆ ਕਿ ਉਨ੍ਹਾਂ ਨੂੰ ਇਸ ਸਾਲ ਇਸ ਮਾਮਲੇ ਸਬੰਧੀ ਫਾਰਮਾਸੇਵਜ਼ ਤੋਂ ਸ਼ਿਕਾਇਤਾਂ ਹਾਸਲ ਹੋ ਰਹੀਆਂ ਹਨ। ਉਨ੍ਹਾਂ ਆਖਿਆ ਕਿ ਅਸੀਂ ਇਸ ਮਸਲੇ ਦਾ ਹੱਲ ਕੱਢਣ ਦੀ ਕੋਸ਼ਿਸ਼ ਕਰ ਰਹੇ ਹਾਂ। ਸਿਹਤ ਮੰਤਰਾਲੇ ਤੇ ਸ਼ੌਪਰਜ਼ ਡਰੱਗ ਮਾਰਟ ਦੀ ਮਾਲਕ ਕੰਪਨੀ ਲੋਬਲਾਅਜ਼ ਦਾ ਕਹਿਣਾ ਹੈ ਕਿ ਉਹ ਪ੍ਰਕਿਰਿਆ ਨੂੰ ਸਹੀ ਢੰਗ ਨਾਲ ਚਲਾਉਣ ਲਈ ਪੂਰੀ ਕੋਸ਼ਿਸ਼ ਕਰ ਰਹੇ ਹਨ।

# ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਮਨਾਈ ਦੀਵਾਲੀ, ਕਿਹਾ- ਦੀਵਾਲੀ ਹਨੇਰੇ 'ਤੇ ਰੌਸ਼ਨੀ ਦੀ ਜਿੱਤ ਦਾ ਪ੍ਰਤੀਕ

## ਬ੍ਰਿਟੇਨ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਵੀ ਪਤਨੀ ਅਕਸ਼ਾ ਮੂਰਤੀ ਨਾਲ ਮਨਾਈ ਦੀਵਾਲੀ



ਓਟਵਾ, 9 ਨਵੰਬਰ (ਪੋਸਟ ਬਿਊਰੋ): ਭਾਰਤ ਨਾਲ ਤਣਾਅ ਦਰਮਿਆਨ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਵੀ ਦੀਵਾਲੀ ਮਨਾਈ। ਇਸ ਮੌਕੇ ਉਨ੍ਹਾਂ ਰਾਜਧਾਨੀ ਓਟਵਾ ਦੀ ਪਾਰਲੀਮੈਂਟ ਹਿੱਲ 'ਤੇ ਦੀਵਾ ਜਗਾਇਆ। ਟਰੂਡੋ ਨੇ ਸੋਸ਼ਲ ਮੀਡੀਆ 'ਤੇ ਤਿਉਹਾਰ ਮਨਾਉਣ ਦੀਆਂ ਤਸਵੀਰਾਂ ਵੀ ਸ਼ੇਅਰ ਕੀਤੀਆਂ ਹਨ।

ਉਨ੍ਹਾਂ ਕਿਹਾ ਕਿ ਕੁਝ ਹੀ ਦਿਨਾਂ ਵਿਚ ਪੂਰੀ ਦੁਨੀਆਂ ਦੀਵਾਲੀ ਦਾ ਤਿਉਹਾਰ ਮਨਾਏਗੀ। ਇਹ ਹਨੇਰੇ ਉੱਤੇ ਰੌਸ਼ਨੀ ਦੀ ਜਿੱਤ ਦਾ ਤਿਉਹਾਰ ਹੈ। ਇਹ ਨਵੀਆਂ ਉਮੀਦਾਂ ਦਾ ਤਿਉਹਾਰ ਹੈ। ਮੈਂ ਉਨ੍ਹਾਂ ਸਾਰਿਆਂ ਦਾ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਸਾਡੇ ਨਾਲ ਦੀਵਾਲੀ ਮਨਾਈ। ਮੈਨੂੰ ਉਮੀਦ ਹੈ ਕਿ ਇਹ ਤਿਉਹਾਰ ਤੁਹਾਡੇ ਸਾਰਿਆਂ ਦੇ ਜੀਵਨ ਵਿੱਚ ਨਵੀਂ ਰੌਸ਼ਨੀ ਅਤੇ ਉਮੀਦ ਲੈ ਕੇ ਆਵੇਗਾ। ਕੈਨੇਡਾ ਦੀ ਰਾਜਧਾਨੀ ਓਟਵਾ ਵਿਚ ਦੀਵਾਲੀ ਪਾਰਟੀ ਦਾ ਆਯੋਜਨ ਭਾਰਤੀ ਮੂਲ ਦੇ ਸੰਸਦ ਮੈਂਬਰ ਚੰਦਰਸ਼ੇਖਰ ਆਰੀਆ ਨੇ ਕੀਤਾ। ਇਸ ਦੌਰਾਨ ਵਿਰੋਧੀ ਧਿਰ ਦੇ ਨੇਤਾ ਪੀਅਰੇ ਪੋਇਲੀਵਰ ਨੇ ਵੀ ਸ਼ਿਰਕਤ ਕੀਤੀ। ਦੀਵਾਲੀ ਦੇ ਜਸ਼ਨਾਂ ਦੌਰਾਨ ਪਾਰਲੀਮੈਂਟ ਹਿੱਲ 'ਤੇ ਵੀ ਓਮ ਦਾ ਝੰਡਾ ਲਹਿਰਾਇਆ ਗਿਆ।

ਇਸ ਤੋਂ ਇਲਾਵਾ ਅਮਰੀਕਾ ਦੀ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਵੀ ਆਪਣੇ ਸਰਕਾਰੀ ਘਰ ਵਿਚ ਦੀਵਾਲੀ ਮਨਾਈ। ਇਸ ਦੌਰਾਨ ਹੈਰਿਸ ਨੇ ਆਪਣੇ ਮਹਿਮਾਨਾਂ ਨਾਲ ਇਸ ਤਿਉਹਾਰ ਦੀ ਮਹੱਤਤਾ ਬਾਰੇ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਅਸੀਂ ਦੀਵਾਲੀ ਅਜਿਹੇ ਸਮੇਂ ਮਨਾ ਰਹੇ ਹਾਂ ਜਦੋਂ ਦੁਨੀਆਂ ਵਿਚ ਬਹੁਤ ਕੁਝ ਹੋ ਰਿਹਾ ਹੈ। ਸੰਸਾਰ ਇੱਕ ਔਖੇ ਅਤੇ ਕਾਲੇ ਦੌਰ ਵਿੱਚੋਂ ਗੁਜ਼ਰ ਰਿਹਾ ਹੈ। ਇਹ ਰੌਸ਼ਨੀ ਮਨਾਉਣ ਦਾ ਤਿਉਹਾਰ ਹੈ। ਇਹ ਤਿਉਹਾਰ ਸਾਨੂੰ ਹਨੇਰੇ ਅਤੇ ਰੌਸ਼ਨੀ ਵਿੱਚ ਫਰਕ ਸਿਖਾਉਂਦਾ ਹੈ।

### ਲੰਡਨ ਦੀ ਡਾਊਨਿੰਗ ਸਟ੍ਰੀਟ ਲਾਈਟਾਂ ਨਾਲ ਜਗਮਗਾਈ





ਲੰਡਨ, 9 ਨਵੰਬਰ (ਪੋਸਟ ਬਿਊਰੋ): ਦੀਵਾਲੀ ਤੋਂ ਠੀਕ 2 ਦਿਨ ਪਹਿਲਾਂ ਬ੍ਰਿਟੇਨ ਦੀ ਡਾਊਨਿੰਗ ਸਟ੍ਰੀਟ ਜਾਂ ਪ੍ਰਧਾਨ ਮੰਤਰੀ ਦੀ ਰਿਹਾਇਸ਼ ਨੂੰ ਦੀਵਿਆਂ ਨਾਲ ਜਗਮਗਾਇਆ ਜਾਂਦਾ ਹੈ। ਬ੍ਰਿਟੇਨ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਪਤਨੀ ਅਕਸ਼ਾ ਮੂਰਤੀ ਦੇ ਨਾਲ ਆਪਣੇ ਨਿਵਾਸ 'ਤੇ ਸ਼ਾਨਦਾਰ ਦੀਵਾਲੀ ਦਾ ਆਯੋਜਨ ਕੀਤਾ। ਇਸ ਦੌਰਾਨ ਉਨ੍ਹਾਂ ਨੇ ਭਾਰਤੀ ਪ੍ਰੰਪਰਾ ਅਨੁਸਾਰ ਦੀਵਾਲੀ ਮਨਾਈ। ਦੀਵਾਲੀ ਦੇ ਜਸ਼ਨਾਂ ਦੌਰਾਨ ਵੱਡੀ ਗਿਣਤੀ ਵਿੱਚ ਹਿੰਦੂ ਪਰਿਵਾਰ ਵੀ ਮੌਜੂਦ ਸਨ। ਬ੍ਰਿਟਿਸ਼ ਪ੍ਰਧਾਨ ਮੰਤਰੀ ਸੁਨਕ ਨੇ ਕਈ ਵਾਰ ਕਿਹਾ ਹੈ ਕਿ ਉਨ੍ਹਾਂ ਨੂੰ ਹਿੰਦੂ ਹੋਣ 'ਤੇ ਮਾਣ ਹੈ ਅਤੇ ਉਹ ਸਾਰੇ ਭਾਰਤੀ ਤਿਉਹਾਰ ਮਨਾਉਂਦੇ ਹਨ। ਇਸ ਵਾਰ ਉਨ੍ਹਾਂ ਨੇ ਦੀਵਾਲੀ ਮਨਾਈ ਹੈ।

ਯੂ.ਕੇ. ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਅਤੇ ਉਨ੍ਹਾਂ ਦੀ ਪਤਨੀ ਅਕਸ਼ਤਾ ਮੂਰਤੀ ਦੀਆਂ ਤਸਵੀਰਾਂ ਯੂਕੇ ਦੇ ਪ੍ਰਧਾਨ ਮੰਤਰੀ ਦੇ ਅਧਿਕਾਰਤ ਐਕਸ ਹੈਂਡਲ 'ਤੇ ਸਾਂਝੀਆਂ ਕੀਤੀਆਂ ਗਈਆਂ ਹਨ। ਵਿਜ਼ੂਅਲ ਯੂਕੇ ਦੇ ਪ੍ਰਧਾਨ ਮੰਤਰੀ ਅਤੇ ਉਨ੍ਹਾਂ ਦੀ ਪਤਨੀ ਅਕਸ਼ਾ ਮੂਰਤੀ ਨੂੰ ਵੱਡੀ ਗਿਣਤੀ ਵਿੱਚ ਲੋਕਾਂ ਦੁਆਰਾ ਘਿਰੇ ਹੋਏ ਦੀਵੇ ਜਗਾਉਂਦੇ ਹੋਏ ਦਿਖਾਉਂਦੇ ਹਨ। ਇਹ ਲੋਕ ਦੀਵਾਲੀ ਮਨਾਉਣ ਲਈ ਰਿਸ਼ੀ ਸੁਨਕ ਦੇ ਘਰ ਵੀ ਆਏ ਸਨ। ਟਵਿੱਟਰ 'ਤੇ ਪੋਸਟ ਵਿਚ ਕਿਹਾ ਗਿਆ ਹੈ ਕਿ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਹਨੇਰੇ 'ਤੇ ਰੌਸ਼ਨੀ ਦੀ ਜਿੱਤ ਦਾ ਜਸ਼ਨ ਦੀਵਾਲੀ ਤੋਂ ਪਹਿਲਾਂ ਅੱਜ ਰਾਤ ਡਾਊਨਿੰਗ ਸਟ੍ਰੀਟ 'ਤੇ ਹਿੰਦੂ ਭਾਈਚਾਰੇ ਦੇ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਹਫਤੇ ਦੇ ਅੰਤ ਵਿੱਚ ਯੂਕੇ ਅਤੇ ਦੁਨੀਆਂ ਭਰ ਵਿੱਚ ਦੀਵਾਲੀ ਮਨਾ ਰਹੇ ਸਾਰਿਆਂ ਨੂੰ ਦੀਵਾਲੀ ਦੀਆਂ ਮੁਬਾਰਕਾਂ।

## ਛੁਰੇਬਾਜ਼ੀ ਵਿੱਚ ਇੱਕ ਜ਼ਖ਼ਮੀ, 2 ਮਸ਼ਕੂਕ ਫਰਾਰ

ਨੌਰਥ ਯੌਰਕ, 9 ਨਵੰਬਰ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਇੱਕ ਨੌਜਵਾਨ ਨੂੰ ਚਾਕੂ ਮਾਰ ਕੇ ਜ਼ਖ਼ਮੀ ਕਰਨ ਵਾਲੇ ਦੋ ਮਸ਼ਕੂਕਾਂ ਦੀ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ। ਪੁਲਿਸ ਨੇ ਦੱਸਿਆ ਕਿ ਉਨਾਂ ਨੂੰ ਸ਼ਾਮੀਂ 5:00 ਵਜੇ ਇਹ ਰਿਪੋਰਟ ਮਿਲੀ ਕਿ ਸੈਂਟੀਨਲ ਤੇ ਹੱਕਨਾਲ ਰੋਡ ਇਲਾਕੇ ਵਿੱਚ ਕਿਸੇ ਵਿਅਕਤੀ ਨੂੰ ਚਾਕੂ ਮਾਰ ਕੇ ਜ਼ਖ਼ਮੀ ਕਰ ਦਿੱਤਾ ਗਿਆ ਹੈ। ਪੁਲਿਸ ਨੇ ਦੱਸਿਆ ਕਿ ਮੌਕੇ ਉੱਤੇ ਪਹੁੰਚਣ ਉਪਰੰਤ ਉਨ੍ਹਾਂ ਨੂੰ ਇੱਕ ਨੌਜਵਾਨ ਜ਼ਖ਼ਮੀ ਹਾਲਤ ਵਿੱਚ ਮਿਲਿਆ। ਕਿਸੇ ਨੇ ਉਸ ਦੇ ਚਾਕੂ ਮਾਰ ਦਿੱਤਾ ਸੀ। ਉਸ ਦੀ ਹਾਲਤ ਗੰਭੀਰ ਸੀ ਪਰ ਜਾਨਲੇਵਾ ਨਹੀਂ ਸੀ। ਜਾਂਚਕਾਰਾਂ ਨੇ ਦੱਸਿਆ ਕਿ ਉਹ ਦੋ ਮਸ਼ਕੂਕਾਂ ਦੀ ਭਾਲ ਕਰ ਰਹੇ ਹਨ ਜਿਨ੍ਹਾਂ ਨੇ ਕਾਲੇ ਰੰਗ ਦੇ ਕੱਪੜੇ ਪਾਏ ਹੋਏ ਹਨ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI 416.994.7272
www.allkindinsurance.com

Allstate You're in good hands.
Insurance
Shawn Budwal, Allstate Sales Agent, Waterdown Agency, 94 Dundas Street East, Unit 3, 289-678-4024, sbudwal@allstate.ca
Trademark used under licence by Allstate Insurance Company. 232374 | 6-23

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc. Residential, Commercial www.ksgpestcontrol.ca ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

MagGas Medical Brampton
MGM MAGGAS MEDICAL INC. Helping you breathe deep and rest easy.
•CPAP machines, masks and supplies
•Free consultations
•30 day mask exchange
•Free deliveries
(647) 954-9885
20 Maritime Ont Blvd Unit 15 Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.co topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL (Government Approved Licensed Technician)
416 938 4598

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd. 1332 Khalsa Dr, Unit # 11,

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga ON L5T 0B3
Shinder Kelley
905-362-0755


Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca


VT INCEPIT
FIDELIS
SIC PERMANET
Ontario
MPP HARDEEP GREWAL
wishes you a very
“ Happy Diwali &
Bandi Chhor Divas ”
“Wishing you and your family a very
Happy Diwali and year fillled with
good health, happiness and prosperity!”
- Hardeep Grewal
HARDEEP.GREWAL@PC.OLA.ORG
HARDEEP_GREWAL
HARDEEP GREWAL
HARDEEPGREWAL_
Ph: 905-799-3939
Address: 1 Gateway Blvd, Unit #307, Brampton, ON L6T 0G3

# ਹੈਮਿਲਟਨ ਦੇ ਟਰਾਂਜ਼ਿਟ ਵਰਕਰਜ਼ ਨੇ ਕੀਤੀ ਹੜਤਾਲ ਸ਼ੁਰੂ




ਹੈਮਿਲਟਨ, 9 ਨਵੰਬਰ (ਪੋਸਟ ਬਿਊਰੋ) : ਟਰਾਂਜ਼ਿਟ ਵਰਕਰਜ਼ ਵੱਲੋਂ ਹੜਤਾਲ ਸ਼ੁਰੂ ਕਰ ਦਿੱਤੇ ਜਾਣ ਤੋਂ ਬਾਅਦ ਹੈਮਿਲਟਨ ਵਾਸੀਆਂ ਨੂੰ ਆਪਣੇ ਰੋਜ਼ਾਨਾ ਦੇ ਕੰਮ ਕਾਜ ਨਬੇੜਨ ਲਈ ਆਵਾਜਾਈ ਦਾ ਕੋਈ ਹੋਰ ਰਾਹ ਅਪਨਾਉਣਾ ਹੋਵੇਗਾ।

ਸਿਟੀ ਦੇ ਟਰਾਂਜ਼ਿਟ ਵਰਕਰਜ਼ ਰਸਮੀ ਤੌਰ ਉੱਤੇ ਅੱਧੀ ਰਾਤ ਨੂੰ ਹੜਤਾਲ ਉੱਤੇ ਚਲੇ ਗਏ। ਸਿਟੀ ਤੇ ਏਟੀਯੂ ਲੋਕਲ 107 ਦੀ ਨੁਮਾਇੰਦਗੀ ਵਾਲੇ 900 ਟਰਾਂਜ਼ਿਟ ਵਰਕਰਜ਼ ਦਰਮਿਆਨ ਗੱਲਬਾਤ ਸਿਰੇ ਨਹੀਂ ਚੜ੍ਹੀ ਤੇ ਵਰਕਰਜ਼ ਹੜਤਾਲ ਉੱਤੇ ਚਲੇ ਗਏ। ਮਿਊਂਸਪੈਲਿਟੀ ਵੱਲੋਂ ਰੈਜ਼ੀਡੈਂਟਸ ਨੂੰ ਇਸ ਹੜਤਾਲ ਲਈ ਤਿਆਰ ਰਹਿਣ ਵਾਸਤੇ ਆਖਿਆ ਜਾ ਰਿਹਾ ਹੈ। ਸਿਟੀ ਅਨੁਸਾਰ ਭੱਤਿਆਂ ਨੂੰ ਲੈ ਕੇ ਗੱਲਬਾਤ ਸਿਰੇ ਚੜ੍ਹਦੀ ਚੜ੍ਹਦੀ ਰਹਿ ਗਈ।

ਸਿਟੀ ਆਫ ਹੈਮਿਲਟਨ ਵੱਲੋਂ ਇਸ ਹਫਤੇ ਦੇ ਸ਼ੁਰੂ ਵਿੱਚ ਬਿਆਨ ਜਾਰੀ ਕਰਕੇ ਆਖਿਆ ਗਿਆ ਕਿ ਸਿਟੀ ਦਾ ਮੰਨਣਾ ਹੈ ਕਿ ਉਹ ਆਪਣੇ ਮੁਲਾਜ਼ਮਾਂ ਨਾਲ ਬਿਲਕੁਲ ਜਾਇਜ਼ ਕਰ ਰਹੀ ਹੈ। ਸਿਟੀ ਦਾ ਕਹਿਣਾ ਹੈ ਕਿ ਓਨਟਾਰੀਓ ਵਿੱਚ ਸੱਭ ਤੋਂ ਵੱਧ ਭੱਤੇ ਹਾਸਲ ਕਰਨ ਵਾਲਿਆਂ ਵਿੱਚ ਉਨ੍ਹਾਂ ਦੇ ਟਰਾਂਜ਼ਿਟ ਵਰਕਰਜ਼ ਵੀ ਹਨ। ਇਹ ਸਿਰਫ ਮਿਸੀਸਾਗਾ ਤੇ ਬਰੈਂਪਟਨ ਤੋਂ ਪਿੱਛੇ ਹਨ। ਸਿਟੀ ਦਾ ਸੁਝਾਅ ਹੈ ਕਿ ਰੈਜ਼ੀਡੈਂਟਸ ਬਾਈਕ ਸਾਂਝੀ ਕਰ ਸਕਦੇ ਹਨ, ਈ ਸਕੂਟਰ, ਕਾਰ ਸਾਂਝੀ ਕਰਨ ਦੇ ਨਾਲ ਨਾਲ ਟੈਕਸੀਆਂ ਦਾ ਸਹਾਰਾ ਵੀ ਆਉਣ ਜਾਣ ਲਈ ਲੈ ਸਕਦੇ ਹਨ। ਦੂਜੇ ਪਾਸੇ ਵਰਕਰਜ਼ ਦਾ ਕਹਿਣਾ ਹੈ ਕਿ ਉਹ ਮਹਿੰਗਾਈ ਨਾਲ ਸਿੱਝਣ ਜੋਗੇ ਭੱਤੇ ਵਧਾਉਣ ਦੀ ਮੰਗ ਕਰ ਰਹੇ ਹਨ। ਯੂਨੀਅਨ ਵੱਲੋਂ ਅੱਜ ਸਵੇਰੇ 10:00 ਵਜੇ ਫਰੈਂਕ ਕੂਕ ਟਰਮੀਨਲ ਉੱਤੇ ਰੈਲੀ ਤੇ ਪ੍ਰੈੱਸ ਕਾਨਫਰੰਸ ਕੀਤੀ ਜਾਵੇਗੀ।

# ਲਿਬਰਲਾਂ ਨੇ ਪੇਸ਼ ਕੀਤਾ ਨਵਾਂ ਲੇਬਰ ਬਿੱਲ



ਓਟਵਾ, 9 ਨਵੰਬਰ (ਪੋਸਟ ਬਿਊਰੋ) : ਲੇਬਰ ਮੰਤਰੀ ਸੀਮਸ ਓਰੀਗਨ ਵੱਲੋਂ ਵੀਰਵਾਰ ਨੂੰ ਨਵਾਂ ਲੇਬਰ ਬਿੱਲ ਪੇਸ਼ ਕੀਤਾ ਗਿਆ। ਉਹ ਇਸ ਬਿੱਲ ਨੂੰ ਇਸ ਸਾਲ ਦੇ ਅੰਤ ਤੋਂ ਪਹਿਲਾਂ ਹੀ ਪਾਸ ਕਰਵਾਉਣਾ ਚਾਹੁੰਦੇ ਹਨ ਤਾਂ ਕਿ ਐਨਡੀਪੀ ਨਾਲ ਕੀਤੀ ਗਈ ਕੌਨਫੀਡੈਂਸ ਐਂਡ ਸਪਲਾਈ ਡੀਲ ਸਿਰੇ ਚੜ੍ਹਾਈ ਜਾ ਸਕੇ।

ਓਰੀਗਨ ਇਸ ਨੂੰ ਇਸ ਦਹਾਕੇ ਵਿੱਚ ਕੈਨੇਡਾ ਵਿੱਚ ਹੋਣ ਵਾਲੀ ਸਾਂਝੀ ਬਾਰਗੇਨਿੰਗ ਵਜੋਂ ਵੀ ਚੇਤੇ ਰਖਵਾਉਣਾ ਚਾਹੁੰਦੇ ਹਨ। ਇਸ ਬਿੱਲ ਨੂੰ "ਐਨ ਐਕਟ ਟੂ ਅਮੈਂਡ ਦ ਕੈਨੇਡਾ ਲੇਬਰ ਕੋਡ ਤੇ ਦ ਕੈਨੇਡਾ ਇੰਡਸਟਰੀਅਲ ਰਿਲੇਸ਼ਨਜ਼ ਬੋਰਡ ਰੈਗੂਲੇਸ਼ਨਜ਼, 2012" ਦਾ ਨਾਂ ਦਿੱਤਾ ਗਿਆ ਹੈ। ਇਸ ਤਹਿਤ ਇਹ ਪ੍ਰਬੰਧ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ ਕਿ ਫੈਡਰਲ ਪੱਧਰ ਉੱਤੇ ਨਿਯੰਤਰਿਤ ਯੂਨੀਅਨ ਇੰਪਲੌਇਰ ਹੜਤਾਲ ਦੇ ਵਿਚਕਾਰ ਵਰਕਰਜ਼ ਦਾ ਬਦਲ (ਰੀਪਲੇਸਮੈਂਟ ਵਰਕਰਜ਼) ਲਿਆਉਣ ਦੀ ਕੋਸ਼ਿਸ਼ ਕਰੇਗਾ ਤਾਂ ਉਹ ਅਜਿਹਾ ਨਹੀਂ ਕਰ ਪਾਵੇਗਾ।

ਇਸ ਬਿੱਲ ਤਹਿਤ ਲਿਆਂਦੀਆਂ ਜਾਣ ਵਾਲੀਆਂ ਤਬਦੀਲੀਆਂ ਵਿੱਚ ਇਹ ਪ੍ਰਬੰਧ ਵੀ ਹੋਵੇਗਾ ਕਿ ਕੰਮ ਬੰਦ ਹੋਣ ਦੀ ਸੂਰਤ ਵਿੱਚ ਯੂਨੀਅਨ ਮੈਂਬਰਾਂ ਦਾ ਕੰਮ ਕਰਨ ਲਈ ਇੰਪਲੌਇਰ ਨਵੇਂ ਵਰਕਰਜ਼, ਕਾਂਟਰੈਕਟਰਜ਼ ਜਾਂ ਮੁਲਾਜ਼ਮਾਂ ਨੂੰ ਉਸੇ ਬਾਰਗੇਨਿੰਗ ਯੂਨਿਟ ਤਹਿਤ ਹਾਇਰ ਨਹੀਂ ਕਰ ਸਕੇਗਾ। ਇਸ ਬਿੱਲ ਬਾਰੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਅਧਿਕਾਰੀਆਂ ਨੇ ਦੱਸਿਆ ਕਿ ਇਹ ਬਿੱਲ ਅੰਦਾਜ਼ਨ ਇੱਕ ਮਿਲੀਅਨ ਇੰਪਲੌਈਜ਼ ਨੂੰ ਕਵਰ ਕਰੇਗਾ ਜਿਹੜੇ 22,350 ਇੰਪਲੌਇਅਰਜ਼ ਲਈ ਕੰਮ ਕਰਦੇ ਹਨ।

ਇਸ ਵਿੱਚ ਏਅਰ ਤੇ ਰੇਲ ਟਰਾਂਸਪੋਰਟੇਸ਼ਨ, ਬੈਂਕਿੰਗ, ਟੈਲੀਕਮਿਊਨਿਕੇਸ਼ਨਜ਼, ਬ੍ਰੌਡਕਾਸਟਿੰਗ ਤੇ ਪੋਸਟਲ ਅਤੇ ਕੁਰੀਅਰ ਸਰਵਿਸਿਜ਼ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਇਹ ਬਿੱਲ ਸੀ-58, ਫੈਡਰਲ ਪਬਲਿਕ ਸਰਵਿਸਿਜ਼ ਉੱਤੇ ਲਾਗੂ ਨਹੀਂ ਹੋਵੇਗਾ।

## ਅੱਜ ਨਾਮਾ >>

ਆ ਗਿਆ ਦਿਨ ਦੀਵਾਲੀ ਦਾ ਜਦੋਂ ਨੇੜੇ,
ਹਰ ਕੋਈ ਚੱਲਿਆ ਵੱਲ ਬਾਜ਼ਾਰ ਭਾਈ।
ਅਗੇਤਾ ਗਿਆਨ ਆ ਅੱਗੇ ਵਪਾਰੀਆਂ ਨੂੰ,
ਸਾਰੀਆਂ ਚੀਜ਼ਾਂ ਦੀ ਕੁੱਲ ਭਰਮਾਰ ਭਾਈ।
ਜਿਹੜੇ ਭਾਅ ਮਿਲਦਾ, ਲੋਕ ਲਈ ਜਾਂਦੇ,
ਕਰਨੀਂ ਬਹੁਤੀ ਨਾ ਸੋਚ-ਵਿਚਾਰ ਭਾਈ।
ਜਿਹੜਾ ਅਟਕਿਆ ਜਾਪਦਾ ਮਾਲ ਸੀ ਗਾ,
ਬੇੜੀ ਉਹਦੀ ਵੀ ਲੱਗ ਜਾਊ ਪਾਰ ਭਾਈ।
ਮਠਿਆਈ ਵੱਲੋਂ ਹੈ ਸਿਰੇ ਦਾ ਸੱਚ ਕੌੜਾ,
ਨਕਲੀ ਦੁੱਧ ਦਾ ਆਮ ਹੀ ਜ਼ਿਕਰ ਭਾਈ।
ਕਰਦੇ ਜ਼ਿਕਰ ਵੀ ਲੋਕ ਸਭ ਲਈ ਜਾਂਦੇ,
ਮਾੜੇ ਅਸਰ ਦਾ ਕੋਈ ਨਾ ਫਿਕਰ ਭਾਈ।

ਤੀਸ ਮਾਰ ਖਾਂ

# ਘਰਾਂ ਨੂੰ ਲੱਗੀ ਅੱਗ ਕਾਰਨ ਇੱਕ ਵਿਅਕਤੀ ਦੀ ਹੋਈ ਮੌਤ



ਓਨਟਾਰੀਓ, 9 ਨਵੰਬਰ (ਪੋਸਟ ਬਿਊਰੋ) : ਕੌਰਨਵਾਲ, ਓਨਟਾਰੀਓ ਵਿੱਚ ਕਈ ਘਰਾਂ ਨੂੰ ਅੱਗ ਲੱਗ ਜਾਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।

ਸਥਾਨਕ ਵਾਸੀ ਰੌਨ ਲੈਮਾਰਚ ਨੇ ਆਖਿਆ ਕਿ ਇੰਜ ਲੱਗਿਆ ਜਿਵੇਂ ਕੋਈ ਬੰਬ ਫਟਿਆ ਹੋਵੇ। ਵੀਰਵਾਰ ਨੂੰ ਸਵੇਰੇ 7:30 ਵਜੇ ਦੇ ਨੇੜੇ ਤੇੜੇ ਕੌਰਨਵਾਲ ਤੋਂ 17 ਕਿਲੋਮੀਟਰ ਪੂਰਬ ਵੱਲੋਂ ਸਾਊਥ ਗਲੈਨਗੈਰੀ ਟਾਊਨਸ਼ਿਪ ਵਿੱਚ ਮਲੀਬੂ ਲੇਨ ਉੱਤੇ ਸਥਿਤ ਕਈ ਘਰਾਂ ਵਿੱਚ ਅੱਗ ਲੱਗਣ ਦੀਆਂ ਰਿਪੋਰਟਾਂ ਮਿਲਣ ਤੋਂ ਬਾਅਦ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਤੇ ਐਮਰਜੰਸੀ ਸਰਵਿਸਿਜ਼ ਦੇ ਕਰਮਚਾਰੀ ਮੌਕੇ ਉੱਤੇ ਪਹੁੰਚੇ।

ਲੈਮਾਰਚ ਨੇ ਦੱਸਿਆ ਕਿ ਉਸ ਨੂੰ ਧਮਾਕੇ ਵਰਗਾ ਮਹਿਸੂਸ ਹੋਇਆ, ਜਿਵੇਂ ਕੋਈ ਬੰਬ ਫਟਿਆ ਹੋਵੇ। ਜਦੋਂ ਬਾਹਰ ਨਿਕਲ ਕੇ ਵੇਖਿਆ ਤਾਂ ਬਹੁਤ ਵੱਡਾ ਅੱਗ ਦਾ ਗੋਲਾ ਨਜ਼ਰ ਆਇਆ। ਇੱਕ ਹੋਰ ਮਹਿਲਾ ਜੂਡੀ ਬ੍ਰਾਬ੍ਰੈਂਟ ਨੇ ਦੱਸਿਆ ਕਿ ਅੱਗ ਬਹੁਤ ਵੱਡੀ ਸੀ ਤੇ ਸਾਨੂੰ ਪਹਿਲਾਂ ਧਮਾਕਾ ਸੁਣਾਈ ਦਿੱਤਾ ਤੇ ਫਿਰ ਇੱਕ ਹੋਰ ਧਮਾਕਾ ਹੋਇਆ, ਜਿਸਨੇ ਸਾਡੇ ਘਰ ਹਿਲਾ ਦਿੱਤੇ।

ਅਧਿਕਾਰੀਆਂ ਨੇ ਦੱਸਿਆ ਕਿ ਦੋ ਘਰ ਪੂਰੀ ਤਰ੍ਹਾਂ ਤਬਾਹ ਹੋ ਗਏ ਤੇ ਕੁੱਝ ਅੱਗ ਕਾਰਨ ਅੰਸ਼ਕ ਤਬਾਹ ਹੋਏ। ਓਪੀਪੀ ਅਨੁਸਾਰ ਅੱਗ ਕਾਰਨ 10 ਘਰ ਖਾਲੀ ਕਰਵਾ ਲਏ ਗਏ। ਕੌਰਨਵਾਲ ਪੈਰਾਮੈਡਿਕਸ ਦੇ ਚੀਫ ਨੇ ਦੱਸਿਆ ਕਿ ਇੱਕ ਵਿਅਕਤੀ ਦੀ ਮੌਕੇ ਉੱਤੇ ਹੀ ਮੌਤ ਹੋ ਗਈ। ਵੀਰਵਾਰ ਦੁਪਹਿਰ ਨੂੰ ਜਾਰੀ ਕੀਤੀ ਗਈ ਮੀਡੀਆ ਰਲੀਜ਼ ਵਿੱਚ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਨੇ ਦੱਸਿਆ ਕਿ ਇਸ ਏਰੀਏ ਵਿੱਚ ਸਥਿਤ ਘਰ ਤੋਂ ਲਾਸ਼ ਬਰਾਮਦ ਹੋਈ। ਇਸ ਸਬੰਧ ਵਿੱਚ ਹਰ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ। ਅੱਗ ਲੱਗਣ ਦੇ ਕਾਰਨਾਂ ਦਾ ਵੀ ਅਜੇ ਪਤਾ ਨਹੀਂ ਲੱਗ ਸਕਿਆ ਹੈ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਬ੍ਰੈਂਪਟਨ ਵਿੱਚ ਪਟਾਕਿਆਂ ਤੇ ਪਾਬੰਦੀ ਹੈ

ਤੁਹਾਨੂੰ ਪਟਾਕੇ ਇਸਤੇਮਾਲ ਕਰਨ, ਖਰੀਦਣ, ਵੇਚਣ, ਚਲਾਉਣ, ਡਿਸਪਲੇ ਕਰਨ ਜਾਂ ਆਪਣੇ ਕੋਲ ਰੱਖਣ ਦੀ ਇਜਾਜ਼ਤ ਨਹੀਂ ਹੈ



Scan to learn more

311 brampton.ca/fireworks BRAMPTON


# ਦੱਖਣੀ ਕੋਰੀਆ ਵਿਚ ਰੋਬੋਟ ਨੇ ਟੈਸਟਿੰਗ ਦੌਰਾਨ ਲਈ ਵਿਅਕਤੀ ਦੀ ਜਾਨ

ਸਿਓਲ, 9 ਨਵੰਬਰ (ਪੋਸਟ ਬਿਊਰੋ): ਦੱਖਣੀ ਕੋਰੀਆ ਵਿਚ ਇੱਕ ਰੋਬੋਟ ਨੇ ਇੱਕ ਵਿਅਕਤੀ ਦੀ ਜਾਨ ਲੈ ਲਈ। ਰੋਬੋਟ ਡੱਬੇ ਅਤੇ ਮਨੁੱਖ ਵਿਚ ਫਰਕ ਨਹੀਂ ਕਰ ਸਕਿਆ।



ਜਾਣਕਾਰੀ ਮੁਤਾਬਕ ਇਹ ਹਾਦਸਾ ਰੋਬੋਟਿਕ ਬਾਂਹ, ਚੀਜ਼ਾਂ ਨੂੰ ਫੜ੍ਹਨ ਲਈ ਹੱਥ ਵਰਗਾ ਯੰਤਰ ਵਿਚ ਖਰਾਬੀ ਕਾਰਨ ਵਾਪਰਿਆ। ਇਸ ਰੋਬੋਟਿਕ ਬਾਂਹ ਨੇ ਕੈਨ ਨੂੰ ਚੁੱਕ ਕੇ ਇੱਕ ਪੈਨਲ 'ਤੇ ਰੱਖਣਾ ਸੀ, ਪਰ ਇਸ ਨੇ ਕੈਨ ਦੀ ਬਜਾਏ ਇੱਕ ਇਨਸਾਨ ਨੂੰ ਫੜ੍ਹ ਲਿਆ। ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਕਰਮਚਾਰੀ ਰੋਬੋਟ ਦੇ ਸੈਂਸਰ ਆਪਰੇਸ਼ਨ ਦੀ ਜਾਂਚ ਕਰ ਰਿਹਾ ਸੀ। ਇਸ ਦੌਰਾਨ ਰੋਬੋਟਿਕ ਆਰਮ ਨੇ ਕਰਮਚਾਰੀ ਨੂੰ ਡੱਬਾ ਸਮਝ ਕੇ ਫੜ੍ਹ ਲਿਆ ਅਤੇ ਆਟੋਮੈਟਿਕ ਪੈਨਲ ਵੱਲ ਧੱਕ ਦਿੱਤਾ। ਇਸ ਕਾਰਨ ਮੁਲਾਜ਼ਮ ਦਾ ਚਿਹਰਾ ਅਤੇ ਛਾਤੀ ਬੁਰੀ ਤਰ੍ਹਾਂ ਕੁਚਲੇ ਗਏ। ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

# ਸਪੇਨ ਵਿਚ 14 ਪਾਕਿਸਤਾਨੀ ਗ੍ਰਿਫ਼ਤਾਰ

ਮੈਡਰਿਡ, 9 ਨਵੰਬਰ (ਪੋਸਟ ਬਿਊਰੋ): ਸਪੇਨ ਦੀ ਪੁਲਿਸ ਨੇ ਪਾਕਿਸਤਾਨੀ ਮੂਲ ਦੇ 14 ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਇਸ ਨੂੰ ਸ਼ੱਕੀ ਜਿਹਾਦੀ ਨੈੱਟਵਰਕ ਦੱਸਿਆ ਜਾ ਰਿਹਾ ਹੈ। ਜਾਣਕਾਰੀ ਮੁਤਾਬਕ 7 ਅਕਤੂਬਰ ਨੂੰ ਇਜ਼ਰਾਈਲ 'ਤੇ ਹਮਾਸ ਦੇ ਹਮਲੇ ਤੋਂ ਬਾਅਦ ਸਪੇਨ ਵਿਚ ਅੱਤਵਾਦ ਵਿਰੋਧੀ ਗਤੀਵਿਧੀਆਂ ਨੂੰ ਲੈ ਕੇ ਅਲਰਟ ਜਾਰੀ ਕੀਤਾ ਗਿਆ ਹੈ। ਇਸ ਦੌਰਾਨ ਇਹ ਗ੍ਰਿਫਤਾਰੀਆਂ ਹੋਈਆਂ।



ਮੰਨਿਆ ਜਾ ਰਿਹਾ ਹੈ ਕਿ ਇਨ੍ਹਾਂ ਲੋਕਾਂ ਨੇ ਇਕ ਅਜਿਹਾ ਨੈੱਟਵਰਕ ਬਣਾਇਆ ਸੀ, ਜਿਸ ਵਿਚ ਉਹ ਜੇਹਾਦੀ ਸੰਦੇਸ਼ ਅਤੇ ਕੱਟੜਪੰਥੀ ਨੂੰ ਆਨਲਾਈਨ ਫੈਲਾਉਂਦੇ ਸਨ। ਪਿਛਲੇ ਮਹੀਨੇ 4 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਦਿ ਯੂਰਪੀਅਨ ਕੰਜ਼ਰਵੇਟਿਵ ਦੇ ਪੱਤਰਕਾਰ ਡੇਵਿਡ ਐਥਰਟਨ ਨੇ ਟਵੀਟ ਕੀਤਾ ਕਿ ਇਹ 14 ਲੋਕ ਪਾਕਿਸਤਾਨ ਦੀ ਇਸਲਾਮਿਕ ਕੱਟੜਪੰਥੀ ਸਿਆਸੀ ਪਾਰਟੀ ਤਹਿਰੀਕ-ਏ-ਲਬੈਇਕ ਪਾਕਿਸਤਾਨ (ਟੀਐੱਲਪੀ) ਨਾਲ ਜੁੜੇ ਹੋਏ ਹਨ। ਟੀਐੱਲਪੀ ਪਾਕਿਸਤਾਨ ਵਿਚ 2015 ਵਿਚ ਸਥਾਪਿਤ ਕੀਤੀ ਗਈ ਇੱਕ ਧਾਰਮਿਕ-ਰਾਜਨੀਤਕ ਸੰਗਠਨ ਹੈ, ਜੋ ਆਪਣੇ ਆਪ ਨੂੰ ਪੈਗੰਬਰ ਮੁਹੰਮਦ ਦੀ ਸ਼ਾਨ ਦਾ ਰੱਖਵਾਲਾ ਦੱਸਦਾ ਹੈ। ਸਪੇਨ ਦੇ ਸਭ ਤੋਂ ਵੱਡੇ ਅੰਗਰੇਜ਼ੀ ਅਖਬਾਰ ਮੁਤਾਬਕ ਗ੍ਰਿਫਤਾਰ ਕੀਤੇ ਗਏ ਲੋਕਾਂ ਨੂੰ ਬੁੱਧਵਾਰ (ਸਥਾਨਕ ਸਮੇਂ) ਨੂੰ ਅਦਾਲਤ 'ਚ ਪੇਸ਼ ਕੀਤਾ ਗਿਆ। ਅਦਾਲਤ ਨੂੰ ਦੱਸਿਆ ਗਿਆ ਕਿ ਇਨ੍ਹਾਂ ਜੇਹਾਦੀਆਂ ਨੂੰ ਅੱਤਵਾਦੀ ਗਤੀਵਿਧੀਆਂ ਦੇ ਦੋਸ਼ ਵਿਚ ਗ੍ਰਿਫਤਾਰ ਕੀਤਾ ਗਿਆ ਹੈ। ਇਹ ਲੋਕ ਕੈਟਾਲੋਨੀਆ, ਵੈਲੈਂਸੀਆ, ਗੁਇਪੁਜ਼ਕੋਆ, ਵਿਟੋਰੀਆ, ਲੋਗਰੋਨੋ ਅਤੇ ਲੇਇਡਾ ਵਿਚ ਰਹਿੰਦੇ ਸਨ।

# ਲੋਕਾਂ ਨੂੰ ਗੁੰਮਰਾਹ ਕਰਨ ਲਈ ਗਲਤ, ਘਟੀਆ ਅਤੇ ਮਨਘੜਤ ਬਿਆਨ ਦੇਣ ਲਈ ਮੁੱਖ ਮੰਤਰੀ ਨੇ ਰਾਜਾ ਵੜਿੰਗ ਨੂੰ ਕਰੜੇ ਹੱਥੀਂ ਲਿਆ, ਸੂਬਾ ਕਾਂਗਰਸ ਪ੍ਰਧਾਨ ਨੂੰ 'ਝੂਠਾ' ਕਰਾਰ ਦਿੱਤਾ

ਚੰਡੀਗੜ੍ਹ, 9 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬਾ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ 'ਝੂਠਾ' ਕਰਾਰ ਦਿੰਦਿਆਂ ਉਨ੍ਹਾਂ ਦੇ ਗਲਤ, ਘਟੀਆ ਅਤੇ ਮਨਘੜਤ ਬਿਆਨਾਂ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਨ ਲਈ ਕਰੜੀ ਨਿੰਦਾ ਕੀਤੀ।



ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਰਾਜਾ ਵੜਿੰਗ ਮੀਡੀਆ ਸਾਹਮਣੇ ਵਾਹੋ-ਵਾਹੀ ਖੱਟਣ ਲਈ ਤੱਥਾਂ ਨੂੰ ਛੁਪਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਸੁਪਰੀਮ ਕੋਰਟ ਵਿੱਚ ਹਲਫ਼ਨਾਮਾ ਦਾਇਰ ਕੀਤਾ ਹੈ। ਹਲਫ਼ਨਾਮੇ ਦਾ ਹਵਾਲਾ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਹਲਫ਼ਨਾਮੇ ਵਿੱਚ ਦੱਸਿਆ ਹੈ ਕਿ ਕੇਂਦਰ ਸਰਕਾਰ ਵੱਲੋਂ 40 ਸਾਲਾਂ ਤੋਂ ਦਿੱਤੇ ਜਾ ਰਹੇ ਪ੍ਰੋਤਸਾਹਨ ਸੂਬੇ ਵਿੱਚ ਝੋਨੇ ਦੀ ਕਾਸ਼ਤ ਨੂੰ ਅਪਣਾਉਣ ਦਾ ਕਾਰਨ ਬਣਿਆ ਹੈ, ਜਿਸ ਸਦਕਾ ਘੱਟੋ-ਘੱਟ ਸਮਰਥਨ ਮੁੱਲ ਜ਼ਰੀਏ ਕਿਸਾਨਾਂ ਨੂੰ ਲਾਭ ਦਿੱਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਹਲਫ਼ਨਾਮੇ ਵਿੱਚ ਅੱਗੇ ਲਿਖਿਆ ਗਿਆ ਹੈ ਕਿ ਝੋਨੇ ਦੀ ਬਜਾਏ ਹੋਰਨਾਂ ਫ਼ਸਲਾਂ ਦੀ ਖੇਤੀ ਕਰਕੇ ਫ਼ਸਲੀ ਚੱਕਰ ਨੂੰ ਤੋੜਨ ਅਤੇ ਖੇਤੀ ਵਿਭਿੰਨਤਾ ਲਈ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਯਕੀਨੀ ਬਣਾਉਣ ਦੇ ਨਾਲ-ਨਾਲ ਹੋਰ ਪ੍ਰੋਤਸਾਹਨ ਮੁਹੱਈਆ ਕਰਵਾਏ ਜਾਣਗੇ ਤਾਂ ਜੋ ਕਿਸਾਨਾਂ ਨੂੰ ਹੋਰ ਫ਼ਸਲਾਂ ਦੀ ਖੇਤੀ ਕਰਨ ਲਈ ਉਤਸ਼ਾਹਿਤ ਕੀਤਾ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ ਬੇਨਤੀ ਕੀਤੀ ਸੀ ਕਿ ਕਿਸਾਨਾਂ ਨੂੰ ਫ਼ਸਲੀ ਚੱਕਰ ਵਿੱਚੋਂ ਕੱਢਣ ਲਈ ਇੱਕ ਟਿਕਾਊ ਰਣਨੀਤੀ ਦੀ ਲੋੜ ਹੋਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਉਪਰਾਲਿਆਂ ਨੂੰ ਲਾਗੂ ਕਰਨ ਨਾਲ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਵਿੱਚ ਕਾਫੀ ਮਦਦ ਮਿਲੇਗੀ। ਮੁੱਖ ਮੰਤਰੀ ਨੇ ਕਿਹਾ ਕਿ ਰਾਜਾ ਵੜਿੰਗ ਵੱਲੋਂ ਆਪਣੇ ਹਿੱਤਾਂ ਮੁਤਾਬਕ ਹਲਫ਼ਨਾਮੇ ਦਾ ਹਵਾਲਾ ਦਿੱਤਾ ਜਾ ਰਿਹਾ ਹੈ ਜੋ ਕਾਂਗਰਸੀ ਵਿਧਾਇਕ ਦੇ ਗੈਰ-ਸੰਜੀਦਾ ਰਵੱਈਏ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਕਾਂਗਰਸ ਪ੍ਰਧਾਨ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਬੱਸਾਂ ਦੇ ਅਦਾਰਿਆਂ ਲਈ ਪੱਤਰ ਲਿਖਣ ਅਤੇ ਸੁਪਰੀਮ ਕੋਰਟ ਵਿੱਚ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਪੱਤਰ ਲਿਖਣ ਵਿੱਚ ਬਹੁਤ ਜ਼ਿਆਦਾ ਅੰਤਰ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਗੈਰ-ਸੰਜੀਦਗੀ ਅਤੇ ਕਾਹਲੇਪਣ ਨੇ ਕਾਂਗਰਸ ਪਾਰਟੀ ਦਾ ਬੇੜਾ ਡੋਬ ਦਿੱਤਾ ਹੈ।


Office: 416-654-1010


Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com



$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.



CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜ਼ਾ
* ੳ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.

Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਨਿਤੀਸ਼ ਕੁਮਾਰ ਦੀ ਘਟੀਆ ਟਿੱਪਣੀ ਅਤਿ ਨਿੰਦਨਯੋਗ, ਤੁਰੰਤ ਅਸਤੀਫ਼ਾ ਦੇਣ : ਮੀਨੂ ਸੇਠੀ



ਚੰਡੀਗੜ੍ਹ, 9 ਨਵੰਬਰ (ਪੋਸਟ ਬਿਊਰੋ): ਭਾਰਤੀ ਜਨਤਾ ਪਾਰਟੀ ਪੰਜਾਬ ਦੀ ਸੂਬਾ ਸਕੱਤਰ ਮੀਨੂ ਸੇਠੀ ਨੇ ਅੱਜ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਤੇ ਹਮਲਾ ਬੋਲਦੇ ਹੋਏ ਉਨ੍ਹਾਂ ਵੱਲੋਂ ਔਰਤਾਂ ਵਿਰੁੱਧ ਕੀਤੀ ਗਈ ਭੱਦੀ ਟਿੱਪਣੀ ਲਈ ਉਨ੍ਹਾਂ ਦੀ ਤਿੱਖੀ ਆਲੋਚਨਾ ਕੀਤੀ ਤੇ ਕਿਹਾ ਕਿ ਮੁੱਖ ਮੰਤਰੀ ਨਿਤੀਸ਼ ਕੁਮਾਰ ਵੱਲੋਂ ਬੀਤੇ ਦਿਨ ਬਿਹਾਰ ਵਿਧਾਨ ਸਭਾ 'ਚ ਕੀਤੀ ਗਈ ਘਟੀਆ ਅਤੇ ਅਪਮਾਨਜਨਕ ਟਿੱਪਣੀ ਦੀ ਮੈਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹਾਂ। ਮੁੱਖ ਮੰਤਰੀ ਦਾ ਅਹੁਦਾ ਇੱਕ ਬਹੁਤ ਹੀ ਮਹੱਤਵਪੂਰਨ ਅਤੇ ਸਮਝਦਾਰ ਅਹੁਦਾ ਹੈ ਅਤੇ ਇਸ ਨੂੰ ਸੰਭਾਲਣ ਵਾਲੇ ਵਿਅਕਤੀ ਨੂੰ ਆਪਣੇ ਆਪ ਨੂੰ ਉੱਚੇ ਪੱਧਰ 'ਤੇ ਰੱਖਕੇ ਚਲਾਉਣ ਦੀ ਲੋੜ ਹੁੰਦੀ ਹੈ। ਇਹ ਮੁੱਖ ਮੰਤਰੀ ਦਾ ਕੰਮ ਹੈ ਕਿ ਉਹ ਸਮਾਵੇਸ਼ੀ ਬਣਨ ਅਤੇ ਸਮਾਜ ਦੇ ਹਰ ਵਰਗ ਨੂੰ ਆਪਣੇ ਨਾਲ ਅੱਗੇ ਲੈਕੇ ਜਾਣ। ਅਜਿਹਾ ਕਰਨ ਦੀ ਬਜਾਏ ਇਹ ਸ਼ਰਮਨਾਕ ਹੈ ਕਿ ਮੁੱਖ ਮੰਤਰੀ ਖੁਦ ਵਿਧਾਨ ਸਭਾ ਵਿੱਚ ਪ੍ਰਤੀਕਿਰਿਆਸ਼ੀਲ ਅਤੇ ਗਲਤ ਬਿਆਨਬਾਜ਼ੀ ਕਰ ਰਹੇ ਹਨ।"

ਉਨ੍ਹਾਂ ਨੇ ਅੱਗੇ ਕਿਹਾ, "ਉਨ੍ਹਾਂ ਦੁਆਰਾ ਦਿੱਤਾ ਗਿਆ ਬਿਆਨ ਨਾ ਸਿਰਫ਼ ਔਰਤਾਂ ਲਈ ਘਿਨਾਉਣੀ ਅਤੇ ਅਪਮਾਨਜਨਕ ਹੈ, ਇਹ ਉਨ੍ਹਾਂ ਦੀ ਲਿੰਗਵਾਦੀ ਮਾਨਸਿਕਤਾ ਨੂੰ ਵੀ ਦਰਸਾਉਂਦਾ ਹੈ। ਅਜਿਹਾ ਲੱਗਦਾ ਹੈ ਕਿ ਸੱਤਾ ਦੇ ਨਸ਼ੇ 'ਚ ਨਿਤੀਸ਼ ਕੁਮਾਰ ਪੂਰੀ ਤਰ੍ਹਾਂ ਭੁੱਲ ਗਏ ਹਨ ਕਿ ਉਨ੍ਹਾਂ ਦਾ ਜਨਮ ਵੀ ਇਕ ਔਰਤ ਤੋਂ ਹੋਇਆ ਹੈ ਅਤੇ ਉਨ੍ਹਾਂ ਦੇ ਘਰ ਵਿੱਚ ਭੈਣਾਂ ਅਤੇ ਧੀਆਂ ਵੀ ਜ਼ਰੂਰ ਹੋਣੀਆਂ ਹਨ, ਕੀ ਉਹ ਅਜਿਹੇ ਬਿਆਨ ਤੋਂ ਬਾਅਦ ਗੰਭੀਰਤਾ ਨਾਲ ਉਨ੍ਹਾਂ ਦਾ ਸਾਹਮਣਾ ਕਰ ਸਕਦੇ ਹਨ?"

ਨਿਤੀਸ਼ ਕੁਮਾਰ ਦੇ ਤੁਰੰਤ ਅਸਤੀਫੇ ਦੀ ਮੰਗ ਕਰਦਿਆਂ ਮੀਨੂ ਸੇਠੀ ਨੇ ਕਿਹਾ ਕਿ ਨਿਤੀਸ਼ ਕੁਮਾਰ ਰਾਜ ਨੂੰ ਚਲਾਉਣ ਲਈ ਪੂਰੀ ਤਰ੍ਹਾਂ ਅਯੋਗ ਹੈ ਅਤੇ ਉਨ੍ਹਾਂ ਨੂੰ ਬਿਹਾਰ ਦੇ ਮੁੱਖ ਮੰਤਰੀ ਵਜੋਂ ਤੁਰੰਤ ਅਸਤੀਫਾ ਦੇ ਦੇਣਾ ਚਾਹੀਦਾ ਹੈ।










## ਕੈਨੇਡੀਅਨ ਪੰਜਾਬੀ ਪੋਸਟ CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 33-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Well settled family living in canada from 16 years.
Call: 204-510-7658 or 519-917-5055

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਜ਼ਿਲ੍ਹਾ ਫਰੀਦਕੋਟ ਦੇ ਵੱਖ-ਵੱਖ ਅਦਾਰਿਆਂ ਨੇ ਮਨਾਇਆ ਕੌਮੀ ਲੀਗਲ ਸਰਵਿਸਜ਼ ਦਿਵਸ

ਫ਼ਰੀਦਕੋਟ, 9 ਨਵੰਬਰ (ਗਿਆਨ ਸਿੰਘ): ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ ਮੋਹਾਲੀ ਦੀਆਂ ਹਦਾਇਤਾਂ ਅਨੁਸਾਰ, ਸ੍ਰੀਮਤੀ ਨਵਜੋਤ ਕੌਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਅਤੇ ਸ੍ਰੀ ਅਜੀਤ ਪਾਲ ਸਿੰਘ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਵੱਲੋਂ ਅੱਜ ਮਿਤੀ 09 ਨਵੰਬਰ 2023 ਨੂੰ ਕੌਮੀ ਲੀਗਲ ਏਡ ਦਿਵਸ ਦੇ ਮੌਕੇ ਤੇ ਫਰੀਦਕੋਟ ਜ਼ਿਲ੍ਹੇ ਦੇ ਵੱਖ-ਵੱਖ 97 ਸਕੂਲਾਂ, ਕਾਲਜਾਂ ਵਿੱਚ ਵਿਦਿਆਰਥੀਆਂ ਵੱਲੋਂ ਕੌਮੀ ਲੀਗਲ ਸਰਵਿਸਜ਼ ਦਿਵਸ ਮਨਾਇਆ ਗਿਆ, ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਵੱਲੋਂ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਵੀ ਦੱਸਿਆ ਗਿਆ ਅਤੇ ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਵੱਲੋਂ ਰਾਜ ਪੱਧਰ ਉੱਤੇ ਅਤੇ ਜ਼ਿਲ੍ਹਾ ਪੱਧਰ ਉੱਤੇ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਵੀ ਦੱਸਿਆ ਤਾਂ ਜੋ ਆਮ



ਜਨਤਾ ਵਿੱਚ ਕਾਨੂੰਨੀ ਸਹਾਇਤਾ ਸਬੰਧੀ ਜਾਗਰੂਕਤਾ ਪਹੁੰਚਾਈ ਜਾ ਸਕੇ ਅਤੇ ਉਨ੍ਹਾਂ ਨੂੰ ਆਪਣੇ ਹੱਕਾਂ ਬਾਰੇ ਜਾਣੂ ਕਰਵਾਇਆ ਜਾ ਸਕੇ। ਇਸ ਦਿਵਸ ਨੂੰ ਮਨਾਉਣ ਦੇ ਸਬੰਧ ਵਿੱਚ ਜ਼ਿਲ੍ਹਾ ਅਤੇ ਸੈਸ਼ਨ ਜੱਜ ਸਾਹਿਬ ਵੱਲੋਂ ਸ੍ਰੀ ਰਾਧਾ ਕ੍ਰਿਸ਼ਨ ਧਾਮ ਵਿਖੇ ਅਤੇ ਬਿਰਧ ਆਸ਼ਰਮ ਫਰੀਦਕੋਟ ਦੇ ਬਜ਼ੁਰਗਾਂ ਅਤੇ ਬੱਚਿਆਂ ਨਾਲ਼ ਇਹ ਦਿਵਸ ਮਨਾਇਆ ਗਿਆ। ਇਸ ਮੌਕੇ ਸ੍ਰੀਮਤੀ ਮੋਨਿਕਾ ਲਾਂਬਾ, ਸਿਵਲ ਜੱਜ ਸੀਨੀਅਰ ਡਵੀਜ਼ਨ ਅਤੇ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਸ੍ਰੀ ਅਜੀਤ ਪਾਲ ਸਿੰਘ, ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਵੀ ਮੌਕੇ ਤੇ ਮੌਜੂਦ ਸਨ। ਇਸ ਮੌਕੇ ਸੈਸ਼ਨਜ਼ ਜੱਜ ਸਾਹਿਬ ਨੇ ਬਜ਼ੁਰਗਾਂ ਅਤੇ ਬੱਚਿਆਂ ਨੂੰ ਗਰਮ ਕੱਪੜੇ ਅਤੇ ਫ਼ਲ ਭੇਂਟ ਕੀਤੇ ਅਤੇ ਇਸ ਮੌਕੇ ਵਿਸ਼ਵਕਰਮਾ ਸੀਨੀਅਰ ਸੈਕੰਡਰੀ ਸਕੂਲ ਦੇ ਬੱਚਿਆਂ ਵੱਲੋਂ ਪੇਂਟਿੰਗ ਮੁਕਾ-ਬਲੇ ਅਤੇ ਰੰਗਦਾਰ ਦੀਵੇ ਅਤੇ ਰੰਗੋਲੀ ਬਣਾ ਕੇ ਜੱਜ ਸਾਹਿਬ ਦਾ ਸਵਾਗਤ ਕੀਤਾ ਗਿਆ, ਜਿਸ ਨੂੰ ਵੇਖ ਕੇ ਜੱਜ ਸਾਹਿਬ ਨੇ ਇਸ ਮੌਕੇ ਮੌਜੂਦ ਸਾਰੇ ਹਾਜ਼ਰੀਨ ਵਿਅਕਤੀਆਂ ਨੂੰ ਗ੍ਰੀਨ ਦਿਵਾਲੀ ਮਨਾਉਣ ਦਾ ਸੰਦੇਸ਼ ਦਿੱਤਾ। ਇਸ ਦੇ ਨਾਲ਼-ਨਾਲ਼ ਜੱਜ ਸਾਹਿਬ ਨੇ ਜ਼ਿਲ੍ਹਾ ਫਰੀਦਕੋਟ ਦੇ 97 ਲੀਗਲ ਲਿਟਰੇਸੀ ਕਲੱਬ ਵਾਲ਼ੇ ਸਕੂਲਾਂ, ਕਾਲਜਾਂ ਨੂੰ ਵੀ ਗ੍ਰੀਨ ਦਿਵਾਲੀ ਮਨਾਉਣ ਦਾ ਸੰਦੇਸ਼ ਦਿੱਤਾ ਅਤੇ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਵੱਲੋਂ ਲੀਗਲ ਸਰਵਿਸਜ਼ ਦਿਵਸ ਮਨਾਉਣ ਦੀਆਂ ਹਾਰਦਿਕ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਦੇ ਨਾਲ਼-ਨਾਲ਼ ਜੱਜ ਸਾਹਿਬ ਨੇ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ, ਲੀਗਲ ਏਡ ਡਿਫੈਂਸ ਕੌਂਸਲ, ਸਥਾਈ ਲੋਕ ਅਦਾਲਤ ਅਤੇ ਮੀਡੀਏਸ਼ਨ ਸੈਂਟਰ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਅਤੇ ਮਿਤੀ 09 ਨਵੰਬਰ ਨੂੰ ਲੀਗਲ ਸਰਵਿਸਜ਼ ਦਿਵਸ ਵਜੋਂ ਮਨਾਉਣ ਬਾਰੇ ਵਿਸਥਾਰ ਸਹਿਤ ਦੱਸਿਆ ਅਤੇ ਇਸ ਦੇ ਨਾਲ਼-ਨਾਲ਼ ਸਕੱਤਰ ਸਾਹਿਬ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪੱਖੀ ਕਲਾਂ ਅਤੇ ਗੋਲੇਵਾਲ਼ਾ ਵਿਖੇ ਆਪ ਜਾ ਕੇ ਇਸ ਦਿਵਸ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰਾਂ ਦਾ ਆਯੋਜਨ ਕੀਤਾ ਅਤੇ ਲੀਗਲ ਲਿਟਰੇਸੀ ਗਤੀਵਿਧੀਆਂ ਨੂੰ ਮੁੱਖ ਮਹਿਮਾਨ ਵਜੋਂ ਵਾਚਿਆ ਅਤੇ ਬੱਚਿਆਂ ਨੂੰ ਸਨਮਾਨਿਤ ਕੀਤਾ।

# ਪੰਜਾਬ ਰਾਜ ਭਵਨ ਵਿਖੇ ਉਤਰਾਖੰਡ ਦਿਵਸ ਮਨਾਇਆ ਗਿਆ





ਚੰਡੀਗੜ੍ਹ, 9 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਰਾਜਪਾਲ ਸ੍ਰੀ ਬਨਵਾਰੀ ਲਾਲ ਪੁਰੋਹਿਤ ਦੀ ਪ੍ਰੇਰਣਾ ਅਤੇ ਅਗਵਾਈ ਹੇਠ ਅੱਜ ਇੱਥੇ ਪੰਜਾਬ ਰਾਜ ਭਵਨ ਵਿੱਚ 'ਏਕ ਭਾਰਤ-ਸ੍ਰੇਸ਼ਟ ਭਾਰਤ' ਸਕੀਮ ਤਹਿਤ ਉਤਰਾਖੰਡ ਰਾਜ ਦਾ ਸਥਾਪਨਾ ਦਿਵਸ ਮਨਾਇਆ ਗਿਆ।

ਇਸ ਮੌਕੇ ਕਰਵਾਏ ਗਏ ਸੱਭਿਆਚਾਰਕ ਪ੍ਰੋਗਰਾਮ ਵਿੱਚ ਉੱਤਰੀ ਜ਼ੋਨ ਸੱਭਿਆਚਾਰਕ ਕੇਂਦਰ ਦੇ ਕਲਾਕਾਰਾਂ ਵੱਲੋਂ ਉੱਤਰਾਖੰਡ ਦੀ ਨੰਦਾ ਦੇਵੀ ਲੋਕ ਜਾਤ ਯਾਤਰਾ ਦੀ ਮਨਮੋਹਕ ਸੱਭਿਆਚਾਰਕ ਪੇਸ਼ਕਾਰੀ ਕੀਤੀ ਗਈ।

ਇਸ ਮੌਕੇ ਉੱਤਰਾਖੰਡ ਦੇ ਮਾਨਯੋਗ ਰਾਜਪਾਲ ਸ. ਗੁਰਮੀਤ ਸਿੰਘ ਦਾ ਵਧਾਈ ਦਾ ਵੀਡੀਓ ਸੰਦੇਸ਼ ਵੀ ਚਲਾਇਆ ਗਿਆ। ਰਾਜ ਸਥਾਪਨਾ ਦਿਵਸ ਦੇ ਜਸ਼ਨਾਂ ਦੀ ਲੜੀ ਵਿੱਚ ਇਹ ਪਹਿਲੀ ਵਾਰ ਹੈ ਜਦੋਂ ਕਿਸੇ ਰਾਜਪਾਲ ਵੱਲੋਂ ਵਧਾਈ ਦਾ ਵੀਡੀਓ ਸੰਦੇਸ਼ ਚਲਾਇਆ ਗਿਆ ਹੈ।

ਮਹਿਮਾਨਾਂ ਨੂੰ ਸੰਬੋਧਨ ਕਰਦੇ ਹੋਏ ਰਾਜਪਾਲ ਨੇ ਰਾਜ ਸਥਾਪਨਾ ਦਿਵਸ 'ਤੇ ਦੇਸ਼ ਦੇ ਲੋਕਾਂ ਵਿਸ਼ੇਸ਼ ਕਰਕੇ ਉੱਤਰਾਖੰਡ ਦੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਲੋਕ ਕਲਾਕਾਰਾਂ ਦੀ ਪੇਸ਼ਕਾਰੀ ਦੀ ਸ਼ਲਾਘਾ ਕੀਤੀ। ਰਾਜਪਾਲ ਨੇ ਕਿਹਾ ਕਿ ਇਨ੍ਹਾਂ ਸਥਾਪਨਾ ਦਿਵਸਾਂ ਨੂੰ ਮਨਾਉਣ ਦਾ ਮਕਸਦ ਰਾਸ਼ਟਰ ਦੀ ਭਾਈਚਾਰਕ ਸਾਂਝ, ਅਖੰਡਤਾ ਅਤੇ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਅਤੇ ਰਾਜ ਦਾ ਦਰਜਾ ਪ੍ਰਾਪਤ ਕਰਨ ਲਈ ਸਖ਼ਤ ਮਿਹਨਤ ਕਰਨ ਵਾਲਿਆਂ ਦੇ ਸੁਹਿਰਦ ਯਤਨਾਂ ਨੂੰ ਯਾਦ ਕਰਨਾ ਹੈ।

ਉੱਤਰਾਖੰਡ ਬਾਰੇ ਬੋਲਦਿਆਂ ਰਾਜਪਾਲ ਨੇ ਕਿਹਾ ਕਿ ਉਤਰਾਖੰਡ ਦੀ ਧਰਤੀ ਦੇਵਭੂਮੀ, ਤਪੋਭੂਮੀ ਅਤੇ ਵੀਰ-ਭੂਮੀ ਹੈ, ਜਿੱਥੇ ਹਜ਼ਾਰਾਂ ਸਾਲਾਂ ਤੋਂ ਵੱਧ ਸਮੇਂ ਤੋਂ ਸ਼ਰਧਾਲੂ ਪਾਪ ਤੋਂ ਮੁਕਤੀ ਅਤੇ ਸ਼ੁੱਧੀ ਦੀ ਭਾਲ ਵਿਚ ਆਉਂਦੇ ਰਹੇ ਹਨ। ਬਦਰੀਨਾਥ, ਕੇਦਾਰਨਾਥ, ਗੰਗੋਤਰੀ ਅਤੇ ਯਮਨੋਤਰੀ ਇੱਥੇ ਮੌਜੂਦ ਚਾਰ ਪਵਿੱਤਰ ਅਤੇ ਸਤਿਕਾਰਯੋਗ ਹਿੰਦੂ ਮੰਦਰ ਹਨ, ਜਿਨ੍ਹਾਂ ਨੂੰ ਉੱਤਰਾਖੰਡ ਦੇ ਚਾਰ ਧਾਮ ਵਜੋਂ ਵੀ ਜਾਣਿਆ ਜਾਂਦਾ ਹੈ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਮਨਾਇਆ "ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ"

ਮੋਗਾ, 9 ਨਵੰਬਰ (ਗਿਆਨ ਸਿੰਘ): ਭਾਰਤ "ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ" ਹਰ ਸਾਲ 9 ਨਵੰਬਰ ਨੂੰ ਮਨਾਇਆ ਜਾਂਦਾ ਹੈ ਤਾਂ ਕਿ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਕਾਨੂੰਨੀ ਰਾਹਤ ਪ੍ਰਦਾਨ ਕਰਨ ਦੇ ਵੱਧ ਤੋਂ ਵੱਧ ਮੌਕੇ ਦਿਵਾਏ ਜਾ ਸਕਣ। ਇਹ ਦਿਨ ਵਿਸ਼ੇਸ਼ ਮਹੱਤਤਾ ਇਸ ਲਈ ਰੱਖਦਾ ਹੈ ਕਿਉਂਕਿ ਇਹ 1995 ਵਿੱਚ ਕਾਨੂੰਨੀ ਸੇਵਾਵਾਂ ਅਥਾਰਟੀਜ਼ ਐਕਟ ਦੇ ਲਾਗੂ ਹੋਣ ਦੀ ਵਰ੍ਹੇਗੰਢ ਨੂੰ ਦਰਸਾਉਂਦਾ ਹੈ। ਉਦੋਂ ਤੋਂ ਹੀ ਭਾਰਤ ਦੇ ਵੱਖ×ਵੱਖ ਰਾਜਾਂ ਵਿੱਚ ਆਮ ਨਾਗਰਿਕਾਂ ਵਿੱਚ ਕਾਨੂੰਨ ਦੀ ਜਾਗਰੂਕਤਾ ਫੈਲਾਉਣ ਦੇ ਮਕਸਦ ਤਹਿਤ ਇਹ ਦਿਵਸ ਮਨਾਇਆ ਜਾਂਦਾ ਹੈ।

ਮਾਨਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ,



ਐਸ.ਏ.ਐਸ. ਨਗਰ, ਮੋਹਾਲੀ ਦੀਆਂ ਹਦਾਇਤਾਂ ਅਤੇ ਸ਼੍ਰੀ ਅਤੁਲ ਕਸਾਨਾ ਜੀ ਮਾਨਯੋਗ ਜ਼ਿਲ੍ਹਾ ਅਤੇ ਸ਼ੈਸ਼ਨ ਜੱਜ-ਸਹਿਤ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਵੱਲੋਂ ਵੀ "ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ" ਮਨਾਇਆ ਗਿਆ। ਇਸ ਤਹਿਤ ਅੱਜ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੋਸਾ ਰਣਧੀਰ ਵਿਖੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੈਨਲ ਦੇ ਵਕੀਲ ਸ਼੍ਰੀ ਰਾਜੇਸ਼ ਸ਼ਰਮਾ ਨੇ ਸਕੂਲੀ ਵਿਦਿਆਰਥੀਆਂ ਨੂੰ ਲੀਗਲ ਸਰਵਿਸਜ਼ ਐਕਟ 1987 ਬਾਰੇ ਅਤੇ ਕਾਨੂੰਨੀ ਸੇਵਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਮੁਫ਼ਤ ਕਾਨੂੰਨੀ ਸਹਾਇਤਾ, ਪੰਜਾਬ ਪੀੜਤ ਮੁਆਵਜ਼ਾ ਸਕੀਮ 2017 ਅਤੇ ਨਾਲਸਾ ਕੰਪਨਸੇਸ਼ਨ ਸੀਕਮ ਫਾਰ ਵੋਮੈਨ ਵਿਕਟਮਜ਼/ਸਰਵਾਈਵਰਜ਼ ਆਫ਼ ਸੈਕਸ਼ੂਅਲ ਅਸਾਲਟ/ਅਦਰਜ਼ ਕਰਾਈਮਜ਼ 2018 ਤੇ ਮੀਡੀਏਸ਼ਨ ਸੈਂਟਰ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।

ਇਸ ਮੌਕੇ ਤੇ ਪ੍ਰਿੰਸੀਪਲ ਰਾਜੇਸ਼ ਪਾਲ ਅਰੋੜਾ, ਸ੍ਰ. ਚਰਨ ਸਿੰਘ (ਰਿਟਾਇਰਡ ਆਰਟ ਐਂਡ ਕਰਾਫਟ ਟੀਚਰ), ਕਵਿਤਾ ਮੈਥ ਲੈਕਚਰਾਰ, ਕਿਰਨ ਬਾਲਾ ਬਾਇਓ ਲੈਕਚਰਾਰ, ਮਨਦੀਪ ਸਿੰਘ ਫਿਜੀਕਲ ਐਜੂਕੇਸ਼ਨ ਲੈਕਚਰਾਰ, ਵਿਨੋਦ ਕੁਮਾਰ ਲੈਕਚਰਾਰ ਹਿਸਟਰੀ, ਗੁਰਜੀਤ ਕੌਰ ਫਿਜੀਕਸ ਲੈਕਚਰਾਰ, ਮਿਸ ਗੁਰਜੋਤ ਕੌਰ ਕੈਮਿਸਟਰੀ ਲੈਕਚਰਾਰ, ਸ੍ਰ. ਰਵਿੰਦਰਜੀਤ ਸਿੰਘ ਐਸ.ਐਸ. ਮਾਸਟਰ , ਨੈਂਸੀ ਗੋਇਲ ਕੰਪਿਊਟਰ ਟੀਚਰ ,ਸਨੇਹਾ ਕੇਸਰੀ ਸਾਇੰਸ ਮਿਸਟ੍ਰੈਸ,ਸਰਦਾਰ ਪਰਮਿੰਦਰ ਪਾਲ ਸਿੰਘ ਮੈਥ ਮਾਸਟਰ ਆਦਿਕਾਲਜ ਦੇ ਪ੍ਰਿੰਸੀਪਾਲ ਸਮੇਤ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

URGENTLY NEED NEW LISTINGS IN BRAMPTON/CALEDON
visit: www.teamjagaujla.com



ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

Brampton Ontario (108 Toba Cres)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਸੋਹਣਾ ਜਿਹਾ ਘਰ, ਹਾਈਵੇ 410 ਦੇ ਬਿਲਕੁਲ ਨਜ਼ਦੀਕ, ਘਰ ਵਿਚ 3 ਬੈਡਰੂਮ ਅਤੇ 4 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ, 1+1 ਕਿਚਨ, ਮੇਨ ਅਤੇ ਦੂਜੀ ਮੰਜ਼ਲ ਦੇ ਫਲੋਰ ਲੈਮੀਨੇਟਡ ਹਨ, ਮਾਸਟਰ ਬੈਡਰੂਮ ਵਿਚ 4 ਪੀਸੀ ਇਨਸੂਟ ਅਤੇ ਵਾਕਿੰਗ ਕਲੋਜ਼ਟ, ਚਾਰਦਿਵਾਰੀ ਦੇ ਨਾਲ ਯਾਰਡ, ਗਰਾਜ ਤੋਂ ਬੈਕਯਾਰਡ ਤੱਕ ਦਰਵਾਜੇ ਦੀ ਇੰਟਰੈਂਸ, ਪਾਰਕ, ਸਕੂਲ ਅਤੇ ਪਲਾਜ਼ਾ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

Brampton Ontario (30 Gardenbrooke Tr)



ਖ਼ੂਬਸੂਰਤ ਡਿਟੈਚਡ ਘਰ, ਜਿਸ ਵਿਚ 4+2 ਬੈਡਰੂਮ + ਲੌਫਟ + 5 ਵਾਸ਼ਰੂਮ ਹਨ, ਫਿਨਿਸ਼ਡ ਬੇਸਮੈਂਟ ਅਲੱਗ ਇੰਟਰੈਂਸ ਦੇ ਨਾਲ, 1+1 ਕਿਚਨ, ਸਾਰੇ ਬੈਡਰੂਮਜ਼ ਵਿਚ ਲੈਮੀਨੇਟਡ ਫਲੋਰ, ਪ੍ਰਾਇਮਰੀ ਬੈਡਰੂਮ ਵਿਚ 5 ਪੀਸੀ ਇਨਸੂਟ ਅਤੇ ਵਾਕ ਇਨ ਕਲੋਜ਼ਟ, ਦੋ ਮਾਸਟਰ ਬੈਡਰੂਮ, ਪਾਠ/ਪੂਜਾ ਲਈ ਸਥਾਨ, ਚਾਰਦਿਵਾਰੀ ਦੇ ਨਾਲ ਯਾਰਡ, ਸਕੂਲ, ਪਾਰਕ ਅਤੇ ਪਬਲਿਕ ਟਰਾਂਜ਼ਿਟ ਦੇ ਨੇੜੇ ਅਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

REXDALE BODY SHOP
USED CAR SALE





Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

Dr. Randhawa Dentistry




Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044








Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


ASIAN FOOD CENTRE
Diwali SALE
WE HAVE LARGE QUANTITY OF DIYA
www.AsianFoodCentre.com
27TH OCT TO 13TH NOV 2023
Fresh Fruits, Vegetables, Indian & Canadian Grocery
$11.99 MEERA WHOLE WHEAT ATTA
$13.99 SHER MULTIGRAIN ATTA
$12.99 QUALITY WHOLE WHEAT ATTA
$11.99 817 BASMATI RICE
$5.99 SHER BESAN
$12.99 MEERA BESAN
$2.49 SAFFRON
$1.99 SURATI SNACKS
$6.99 GURU JI BADAM & KESHARIA THANDAI SYRUP
$4.29 KHALSA PANEER
$4.99 TEZ MUSTARD OIL
$24.99 NANAK DESI GHEE
$24.99 VERKA DESI GHEE
$1.49 HALDIRAM ALOO BHUJIA, KHATTA MEETHA, TASTY NUTS, MOONG DAL
$4.99 ALMONDS
$2.99 BAMBINO VERMICELLI
$1.49 HALDIRAM BHELPURI
$3.29 DABUR MUSTARD OIL
$3.99 BRITANNIA CAKE RUSK
$3.99 BRITANNIA MASKA CHASKA
2 FOR $1 BRITANNIA NICE TIME
$4.29 HALDIRAM PANI PURI
$4.49 VIDYA PANI PURI
$2.49 HALDIRAM SOAN PAPDI
$10.99 VERKA BROWN SUGAR
$8.99 RED LABEL INDIA
$8.99 TEA INDIA
$9.99 WAGHBAKRI TEA
$8.99 TAPAL DANEDAR TEA
$2.49 POPULAR SAMOSA/SPRING ROLLS
$3.29 POPULAR PARATHA
$3.49 THAKAR MATAR KULCHA
$5.49 HALDIRAM FAMILY PACK NAAN
$1.49 SANTOSH NAAN
$6.99 TASTY FROZEN PEAS
$1.49 AASHIRVAAD PARATHA
$0.69 BRITANNIA GOOD DAY COOKIES
$2.79 RUBICON ASST. JUICE
$1.79 FROOTI
$7.99 SAVERA RASMALAI
$5.99 NANAK GULAB JAMUN
$7.99 APNA TASTE RASMALAI
$5.99 APNA TASTE GULAB JAMUN
$7.99 POPULAR PARATHA
$3.99 AAP KI PASANAD SOYA TIKKA CHAAP
$3.99 AAP KI PASANAD SOYA CHAAP
$5.99 SAVERA KHOA
$3.29 HALDIRAM KHARI BOONDI
WE HAVE LARGE QUANTITY OF DIYA & DIWALI ITEMS
Variety of Indian Sweets Available
ETOBICOKE 10 Westmore Dr. 416-740-3262
MISSISSAUGA 1075 Ceremonial Dr. 905-502-1600
BRAMPTON 621 Wanless Dr. 905-495-3336
BRAMPTON 2120 N Park Dr. 905-793-1338
BRAMPTON 80 Pertosa Dr. 905-460-0009
BRAMPTON 40 Airport RD & Lacoste Blvd. 905-794-8109
BRAMPTON 10510 Torbram Rd. 905-790-0030
BRAMPTON 10 Pannahill Dr. 905-913-8017
TOLL FREE 1-800-708-9232
MEAT SHOP AVAILABLE
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media


LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
H.K. MOVERS
LOCAL & LONG DISTANCE
416-524-6704
WELCOME TO ALBERTA
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023 ThreeBest Rated Excellence
Call: 416.524.6704
www.hkmovers.ca
2023 ThreeBest Rated Certificate OF EXCELLENCE THREE BEST RATED
SAFE, RELIABLE AND EFFICIENT SERVICE AT THE BEST RATES


AMARJOT SANDHU
MEMBER OF PROVINCIAL PARLIAMENT
BRAMPTON WEST
WISHING YOU ALL A
HAPPY DIWALI
&
BANDI CHHOR DIVAS
'ਦੀਵਾਲੀ'
ਅਤੇ
'ਬੰਦੀ ਛੌੜ ਦਿਵਸ'
ਦੀਆਂ ਆਪ ਸਭ ਨੂੰ
ਲੱਖ-ਲੱਖ ਵਧਾਈਆਂ ਜੀ ।
ADDRESS: 10 GILLINGHAM DR, UNIT 309, BRAMPTON, ON, L6X 0G6
PHONE: (905) 565-1532
EMAIL: Amarjot.Sandhu@pc.ola.org


WISHING YOU ALL A
Happy Diwali
&
Bandi Chhor
Divas
ਆਪ ਸਭ ਨੂੰ 'ਦੀਵਾਲੀ' ਅਤੇ 'ਬੰਦੀ ਛੌੜ ਦਿਵਸ'
ਦੀਆਂ ਲੱਖ-ਲੱਖ ਵਧਾਈਆਂ ।
JAS TOOR
Salesperson
(Sutton Group Realty Inc.)
Ph: (647) 242-8667
JAGDISH GREWAL
Salesperson
(Century 21 President Inc.)
Ph: (416) 970-5005